I/31460/2020

ਜ਼ਿਲਾ ਲੋਕ ਸੰਪਰਕ ਦਫ਼ਤਰ, ਗੁਰਦਾਸਪੁਰ।

'ਮਿਸ਼ਨ ਫ਼ਤਿਹ'

ਜ਼ਿਲਾ ਵਾਸੀ ਕੋਰੋਨਾ ਵਾਇਰਸ ਤੋਂ ਬਚਾਅ ਲਈ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣ-ਡਿਪਟੀ ਕਮਿਸ਼ਨਰ

ਮਾਸਕ ਲਾਜ਼ਮੀ ਤੋਰ 'ਤੇ ਪਾਉਣ ਅਤੇ ਸ਼ੋਸਲ ਡਿਸਟੈਂਸ ਮੈਨਟੇਨ ਰੱਖਣ ਦੀ ਕੀਤੀ ਅਪੀਲ

ਅੱਜ 03 ਵਿਅਕਤੀਆਂ ਦੀ ਰਿਪੋਰਟ ਆਈ ਪੋਜ਼ਟਿਵ-ਜਿਲੇ ਵਿਚ 13 ਐਕਟਿਵ ਕੋਰੋਨਾ ਕੇਸ

ਗੁਰਦਾਸਪੁਰ, 5 ਜੂਨ (        ) ਜਨਾਬ ਮੁਹੰਮਦ ਇਸ਼ਫਾਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲੇ ਅੰਦਰ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਜ਼ਿਲਾ ਵਾਸੀ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣ ਅਤੇ ਮਾਸਕ ਲਾਜ਼ਮੀ ਤੋਰ ਤੇ ਪਹਿਨਿਆ ਜਾਵੇ ਅਤੇ ਸ਼ੋਸਲ ਡਿਸਟੈਂਸ ਮੈਨਟੇਨ ਕਰਕੇ ਰੱਖਿਆ ਜਾਵੇ। ਉਨਾਂ ਕਿਹਾ ਕਿ ਜਿਲੇ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ ਲੋਕਾਂ ਨੂੰ ਜਿੰਮੇਵਾਰ ਨਾਗਰਿਕ ਦੀ ਤਰਾਂ ਅੱਗੇ ਆ ਕੇ ਪ੍ਰਸ਼ਾਸਨ ਤੇ ਸਿਹਤ ਵਿਭਾਗ ਦੀਆਂ ਦਿੱਤੀਆਂ ਹਦਾਇਤਾਂ ਦੀ ਪਾਲਣਾ ਕਰਨੀ ਪਵੇਗੀ ਤਾਂ ਹੀ ਅਸੀਂ ਆਪਣੇ ਪਰਿਵਾਰ, ਆਂਢ-ਗਵਾਂਢ ਤੇ ਜਿਲੇ ਨੂੰ ਸੁਰੱਖਿਅਤ ਰੱਖਣ ਵਿਚ ਸਫਲ ਹੋ ਸਕਾਂਗੇ।

ਡਿਪਟੀ ਕਮਿਸ਼ਨਰ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਕੋਵਿਡ-19 ਖ਼ਿਲਾਫ਼ ਜੰਗ ਨੂੰ ਸੂਬੇ ਭਰ ਵਿੱਚ ਜ਼ਮੀਨੀ ਪੱਧਰ ਤੱਕ ਲੈ ਜਾਣ ਲਈ ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਵਲੋਂ 'ਮਿਸ਼ਨ ਫ਼ਤਿਹ' ਤਹਿਤ ਇਸ ਮਹਾਂਮਾਰੀ ਬਾਰੇ ਲੋਕਾਂ ਵਿੱਚ ਵਿਆਪਕ ਪੱਧਰ ਉਤੇ ਜਾਗਰੂਕਤਾ ਫੈਲਾਉਣ ਦੇ ਮਕਸਦ ਨਾਲ ਇਸ ਮੁਹਿੰਮ ਦਾ ਆਗਾਜ਼ ਕੀਤਾ ਗਿਆ ਹੈ ਤੇ ਜ਼ਿਲੇ ਭਰ ਅੰਦਰ ਲੋਕਾਂ ਨੂੰ ਕੋਰੋਨਾ ਵਾਇਰਸ ਤੋਂ ਬਚਾਅ ਲਈ ਜਾਗਰੂਕ ਕਰਨ ਦਾ ਟੀਚਾ ਮਿਥਿਆ ਗਿਆ ਹੈ। ਉਨਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਸਮੂਹਿਰ ਸਹਿਯੋਗ ਨਾਲ 'ਮਿਸ਼ਨ ਫਤਹਿ' ਦੇ ਉਦੇਸ ਨੂੰ ਪ੍ਰਾਪਤ ਕੀਤਾ ਜਾ ਸਕਦਾ ਹੈ।

ਡਿਪਟੀ ਕਮਿਸ਼ਨਰ ਨੇ ਅੱਗੇ ਦੱਸਿਆ ਕਿ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਦੇ ਮਕਸਦ ਨਾਲ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਸਬਜ਼ੀ ਮੰਡੀ ਅਤੇ ਬਜਾਰਾਂ ਅੰਦਰ ਦੁਕਾਨਦਾਰ, ਵਰਕਰਾਂ ਤੇ ਆਮ ਲੋਕਾਂ ਦੀ ਰੈਡਿੰਮ ਸੈਂਪਲਿੰਗ ਟੈਸਟ ਕੀਤੀ ਜਾ ਰਹੀ ਹੈ, ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਕਿ ਕਿਤੇ ਕੋਰੋਨਾ ਵਾਇਰਸ ਦਾ ਕਮਿਊਨਿਟੀ ਸਪਰੈਡ ਤਾਂ ਨਹੀਂ ਹੋ ਰਿਹਾ। ਨਾਲ ਹੀ ਉਨਾਂ ਅੱਗੇ ਦੱਸਿਆ ਕਿ ਜਿਸ ਤਰਾਂ ਅੱਜ ਬਟਾਲੇ ਦੇ ਇਕ ਵਿਅਕਤੀ ਦੀ ਰੈਡਿੰਮ ਸੈਂਪਲਿੰਗ ਦੌਰਾਨ ਰਿਪੋਰਟ ਪੋਜ਼ਟਿਵ ਆਈ ਹੈ, ਉਸਦੇ ਮੱਦਨਜ਼ਰ ਜ਼ਿਲਾ ਵਾਸੀਆਂ ਨੂੰ ਹੋਰ ਪੂਰਾ ਸੁਚੇਤ ਹੋਣ ਦੀ ਲੋੜ ਹੈ ਅਤੇ ਸਿਹਤ ਵਿਭਾਗ ਦੀਆਂ ਟੀਮਾਂ ਵਲੋਂ ਕੀਤੀ ਜਾ ਰਹੀ ਰੈਂਡਿੰਗ ਸੈਂਪਲਿੰਗ ਵਿਚ ਸਹਿਯੋਗ ਕਰਨਾ ਚਾਹੀਦਾ ਹੈ। ਉਨਾਂ ਦੱਸਿਆ ਕਿ ਉਨਾਂ ਵਲੋਂ ਮਾਰਕਿਟ ਕਮੇਟੀ ਦੇ ਪ੍ਰਧਾਨਾਂ ਨਾਲ ਮੀਟਿੰਗ ਕੀਤੀ ਗਈ ਸੀ ਤੇ ਉਨਾਂ ਵਲੋਂ

ਪੂਰਨ ਭਰੋਸਾ ਦਿੱਤਾ ਗਿਆ ਸੀ ਕਿ ਸਿਹਤ ਵਿਭਾਗ ਦੀਆਂ ਟੀਮਾਂ ਨਾਲ ਪੂਰਾ ਸਹਿਯੋਗ ਕੀਤਾ ਜਾਵੇਗਾ।

ਉਨਾਂ ਅੱਗੇ ਦੱਸਿਆ ਕਿ ਅੱਜ 03 ਵਿਅਕਤੀਆਂ ਦੀ ਰਿਪੋਰਟ ਪੋਜ਼ਟਿਵ ਆਈ ਹੈ। ਇਨਾਂ ਵਿਚ 02 ਵਿਅਕਤੀ ਬੀਤੇ ਦਿਨੀ ਗੁਰਦਾਸਪੁਰ ਦੇ ਕੱਪੜਾ ਵਪਾਰੀ ਦੇ ਸੰਪਰਕ ਵਿਚ ਆਉਣ ਵਾਲੇ ਇਕ ਉਨਾਂ ਦੀ ਧਰਮਪਤਨੀ ਅਤੇ ਇਕ ਉਨਾਂ ਦਾ ਵਰਕਰ ਹੈ। ਇਕ ਵਿਅਖਤੀ ਸ਼ੁਕਰਪੁਰਾ ਬਟਾਲਾ ਦਾ ਹੈ, ਜਿਸ ਦੀ ਸਿਹਤ ਵਿਭਾਗ ਵਲੋਂ ਚਲਾਈ ਰੈਂਡਮ ਸੈਂਪਲਿੰਗ ਮੁਹਿੰਮ ਦੋਰਾਨ ਕੀਤੇ ਟੈਸਟ ਦੀ ਰਿਪੋਟ ਪੌਜਟਿਵ ਆਈ ਹੈ।

ਜਿਲੇ ਅੰਦਰ ਕੋਰੋਨਾ ਵਾਇਰਸ ਦੇ 4713 ਸ਼ੱਕੀ ਮਰੀਜਾਂ ਦੀ ਸੈਂਪਲਿੰਗ ਕੀਤੀ ਗਈ, ਜਿਸ ਵਿਚੋਂ 4245 ਨੈਗਵਿਟ, 322 ਪੈਂਡਿੰਗ ਅਤੇ 148 ਪੋਜਟਿਵ ਮਰੀਜ ਸ਼ਾਮਿਲ ਹਨ। 148 ਕੋਰੋਨਾ ਪੀੜਤਾਂ ਵਿਚੋਂ 03 ਵਿਅਕਤੀਆਂ ਦੀ ਮੋਤ ਹੋ ਚੁੱਕੀ ਹੈ, 132 ਮਰੀਜਾਂ ਘਰਾਂ ਨੂੰ ਭੇਜੇ ਗਏ ਹਨ, (129 ਠੀਕ ਹੋਏ ਹਨ ਅਤੇ 03 ਘਰਾਂ ਵਿਚ ਏਕਾਂਤਵਾਸ ਕੀਤੇ ਗਏ ਹਨ ਅਤੇ 13 ਐਕਟਿਵ ਕੇਸ ਹਨ।

----------------

I/31476/2020

ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

'ਮਿਸ਼ਨ ਫ਼ਤਿਹ'

ਪੰਜਾਬ ਸਰਕਾਰ ਵਲੋਂ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ 'ਮਿਸ਼ਨ ਫ਼ਤਿਹ ' ਮੁਹਿੰਮ ਨੂੰ ਕੀਤਾ ਜਾਵੇਗਾ ਸਫਲ-ਵਿਧਾਇਕ ਪਾਹੜਾ

ਗੁਰਦਾਸਪੁਰ, 5 ਜੂਨ ( ) ਸ. ਬਰਿੰਦਰਮੀਤ ਸਿੰਘ ਪਾਹੜਾ ਹਲਕਾ ਵਿਧਾਇਕ ਗੁਰਦਾਸਪੁਰ ਨੇ ਕਿਹਾ ਹੈ ਕਿ ਕੈਪਟਨ ਅਮਰਿੰਦਰ ਸਿੰਘ ਮੁੱਖ ਮੰਤਰੀ ਦੀ ਅਗਵਾਈ ਵਿੱਚ ਸੂਬੇ ਨੂੰ ਕੋਰੋਨਾ ਮੁਕਤ ਕਰਨ ਲਈ ਜਾਗਰੂਕਤਾ ਮੁਹਿੰਮ ਦੇ ਤੌਰ 'ਤੇ 'ਮਿਸ਼ਨ ਫਤਿਹ' ਦੀ ਸ਼ੁਰੂਆਤ ਕੀਤੀ ਗਈ ਹੈ ਅਤੇ ਇਸ ਮਿਸ਼ਨ ਨੂੰ ਲੋਕਾਂ ਦੇ ਸਹਿਯੋਗ ਨਾਲ ਸਫਲ ਬਣਾਇਆ ਜਾਵੇਗਾ।

ਵਿਧਾਇਕ ਪਾਹੜਾ ਨੇ ਕਿਹਾ ਕਿ ਕੋਰੋਨਾ ਵਾਇਰਸ ਤੋਂ ਬਚਾਅ ਲਈ ਹਰ ਵਿਅਕਤੀ ਆਪਣੀ ਜ਼ਿੰਮੇਵਾਰੀ ਸਮਝਦੇ ਹੋਏ ਪੰਜਾਬ ਸਰਕਾਰ ਅਤੇ ਸਿਹਤ ਵਿਭਾਗ ਵਲੋਂ ਜਾਰੀ ਵੱਖ-ਵੱਖ ਹਦਾਇਤਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਏ ਤਾਂ ਹੀ ਅਸੀਂ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕ ਸਕਦੇ ਹਾਂ। ਉਨਾਂ ਕਿਹਾ ਕਿ ਸਮਾਜਿਕ ਦੂਰੀ ਬਰਕਰਾਰ ਰੱਖਦਿਆਂ ਘਰੋਂ ਬਾਹਰ ਜਾਣ ਸਮੇਂ ਮਾਸਕ ਦੀ ਵਰਤੋਂ ਕਰਨਾ ਯਕੀਨੀ ਬਣਾਇਆ ਜਾਵੇ। ਇਸ ਤੋਂ ਇਲਾਵਾ ਸੈਨੀਟਾਈਜ਼ਰ ਦਾ ਇਸਤੇਮਾਲ ਕਰਨ ਦੇ ਨਾਲ-ਨਾਲ ਹੱਥਾਂ ਨੂੰ 20 ਸੈਕਿੰਡ ਲਈ ਧੋਣਾ ਬਹੁਤ ਜ਼ਰੂਰੀ ਹੈ। ਉਨਾਂ ਕਿਹਾ ਕਿ ਉਕਤ ਸਮੇਤ ਸਾਵਧਾਨੀਆਂ ਵਰਤ ਕੇ ਕੋਰੋਨਾ ਖਿਲਾਫ ਜੰਗ ਜਿੱਤੀ ਜਾ ਸਕਦੀ ਹੈ।

ਵਿਧਾਇਕ ਪਾਹੜਾ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ 'ਮਿਸ਼ਨ ਫਤਿਹ' ਮੁਹਿੰਮ ਨੂੰ ਪ੍ਰਭਾਵਸ਼ਾਲੀ ਅਤੇ ਨਤੀਜਾ ਮੁਖੀ ਢੰਗ ਨਾਲ ਲਾਗੂ ਕਰਨ ਲਈ ਪੰਜਾਬ ਸਰਕਾਰ ਨੇ ਮਾਸਕ ਪਾਉਣ, ਹੱਥ ਧੋਣ, ਸਮਾਜਕ ਦੂਰੀ ਬਣਾ ਕੇ ਰੱਖਣ, ਬਜ਼ੁਰਗਾਂ ਦੀ ਦੇਖਭਾਲ, ਇਲਾਕੇ ਵਿਚ ਬਾਹਰੀ ਲੋਕਾਂ ਦੇ ਦਾਖ਼ਲੇ ਪ੍ਰਤੀ ਜਾਗਰੂਕ ਰਹਿਣ, ਵਾਇਰਸ ਦੀ ਲਾਗ ਤੋਂ ਪ੍ਰਭਾਵਿਤ ਮਰੀਜ਼ਾਂ ਦਾ ਪਤਾ ਲਗਾਉਣ ਅਤੇ ਉਨਾਂ ਤੋਂ ਸੁਰੱਖਿਅਤ ਦੂਰੀ ਬਣਾ ਕੇ ਰੱਖਣ ਲਈ ਕੋਵਾ ਐਪ ਦੀ ਵਰਤੋਂ ਬਾਰੇ ਜਾਗਰੂਕਤਾ ਫੈਲਾਉਣ ਦੇ ਉਦੇਸ਼ ਨਾਲ ਗਤੀਵਿਧੀਆਂ ਦਾ ਇਕ ਵਿਆਪਕ ਰੋਡ-ਮੈਪ ਤਿਆਰ ਕੀਤਾ ਹੈ। ਧਿਆਨ ਕੇਂਦਰਿਤ ਕਰਨ ਵਾਲੇ ਹੋਰ ਖੇਤਰਾਂ ਵਿੱਚ ਘਰੇਲੂ ਇਕਾਂਤਵਾਸ ਦੀ ਮਹੱਤਤਾ, ਫਲੂ ਦੇ ਲੱਛਣਾਂ ਅਤੇ ਉਸ ਤੋਂ ਬਾਅਦ ਦੀਆਂ ਕਿਰਿਆਵਾਂ ਬਾਰੇ ਜਾਗਰੂਕਤਾ ਪੈਦਾ ਕਰਨਾ, ਲੌਕਡਾਉਨ 5.0 ਦੌਰਾਨ ਪਾਬੰਦੀਆਂ ਅਤੇ ਉਲੰਘਣਾ ਦੇ ਮਾਮਲੇ ਵਿੱਚ ਜ਼ੁਰਮਾਨੇ, ਮਹਾਮਾਰੀ ਵਿਰੁੱਧ ਮਿਲ ਕੇ ਲੜਨ ਲਈ ਸਮਾਜ ਦੀ ਲਾਮਬੰਦੀ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਨਾ ਸ਼ਾਮਲ ਹੈ।

I/31496/2020

ਜਿਲਾ ਲੋਕ ਸੰਪਰਕ ਦਫਤਰ, ਗੁਰਦਾਸਪੁਰ।

ਮਿਸਨ ਫ਼ਤਿਹ'

ਲੋਕ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਨੂੰ ਯਕੀਨੀ ਬਣਾਉਣ-ਸਿਵਲ ਸਰਜਨ

ਬਿਨਾਂ ਮਾਸਕ ਅਤੇ ਜਨਤਕ ਥਾਵਾਂ ਤੇ ਥੁੱਕਣ 'ਤੇ ਹੋਵੇਗਾ 500 ਰੁਪਏ ਜੁਰਮਾਨਾ, ਏਕਾਂਤਵਾਸ ਦੀ ਕੀਤੀ ਉਲੰਘਣਾ ਤਾਂ ਹੋਵੇਗਾ 2000 ਜੁਰਮਾਨਾ

ਗੁਰਦਾਸਪੁਰ, 5 ਜੂਨ ( ) ਡਾ. ਕਿਸ਼ਨ ਚੰਦ ਸਿਵਲ ਸਰਜਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਿਹਤ ਵਿਭਾਗ ਵਲੋਂ ਡਿਪਟੀ ਕਮਿਸ਼ਨਰ ਜਨਾਬ ਮੁਹੰਮਦ ਇਸ਼ਫਾਕ ਦੀ ਅਗਵਾਈ ਹੇਠ ਜ਼ਿਲੇ ਅੰਦਰ ਕੋਰੋਨਾ ਵਾਇਰਸ ਦੇ ਫੈਲਾਅ ਨੂੰ ਰੋਕਣ ਲਈ ਵਿਸ਼ੇਸ ਉਪਰਾਲੇ ਕੀਤੇ ਜਾ ਰਹੇ ਹਨ ਅਤੇ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਗਈ ਮੁਹਿੰਮ 'ਮਿਸ਼ਨ ਫਤਿਹ' ਤਹਿਤ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ।

ਸਿਵਲ ਸਰਜਨ ਨੇ ਅੱਗੇ ਦੱਸਿਆ ਕਿ ਸਿਹਤ ਵਿਭਾਗ ਵਲੋਂ ਲੋਕਾਂ ਨੂੰ ਸਿਹਤ ਵਿਭਾਗ ਵਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਨ ਲਈ ਕਿਹਾ ਗਿਆ ਹੈ ਅਤੇ ਲੋਕਾਂ ਨੂੰ ਜਾਗਰੂਕ ਕੀਤਾ ਗਿਆ ਹੈ ਕਿ ਪੰਜਾਬ ਸਰਕਾਰ ਵੱਲੋਂ ਨਵੇਂ ਆਦੇਸ਼ ਜਾਰੀ ਕੀਤੇ ਜਾ ਚੁੱਕੇ ਹਨ ਜਿਨਾਂ ਦੇ ਅਧਾਰ ਤੇ ਬਿਨਾਂ ਮਾਸਕ ਤੋਂ ਬਾਹਰ ਘੁੰਮਣ ਵਾਲੇ ਅਤੇ ਜਨਤਕ ਸਥਾਨਾਂ ਤੇ ਥੁੱਕਣ ਵਾਲੇ ਵਿਅਕਤੀ ਨੂੰ 500 ਰੁਪਏ ਦਾ ਜੁਰਮਾਨਾ ਅਤੇ ਏਕਾਂਤਵਾਸ ਦੀ ਉਲੰਘਣਾ ਕਰਨ ਵਾਲੇ ਵਿਅਕਤੀ ਨੂੰ 2000 ਰੁਪਏ ਦਾ ਜੁਰਮਾਨਾ ਕਰਦ ਦੇ ਆਦੇਸ ਜਾਰੀ ਕੀਤੇ ਗਏ ਹਨ, ਜਿਸ ਸਬੰਧੀ ਡਿਪਟੀ ਕਮਿਸ਼ਨਰ ਦੇ ਆਦੇਸ਼ਾਂ 'ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀਆਂ ਟੀਮਾਂ ਗਠਿਤ ਕੀਤੀਆਂ ਗਈਆਂ ਹਨ, ਜਿਨਾਂ ਵਲੋਂ ਜਿਲੇ ਭਰ ਅੰਦਰ ਸਰਕਾਰ ਦੇ ਹੁਕਮਾਂ ਦੀ ਪਾਲਣਾ ਕਰਵਾਉਣ ਨੂੰ ਯਕੀਨੀ ਬਣਾਇਆ ਜਾਵੇਗਾ ।

ਉਨਾਂ ਅੱਗੇ ਕਿਹਾ ਕਿ ਕੋਰੋਨਾ ਵਾਈਰਸ ਦਾ ਖਤਰਾ ਅਜੇ ਵੀ ਦੁਨੀਆ 'ਤੇ ਬਣਿਆ ਹੋਇਆ ਹੈ ਅਤੇ ਇਸ ਸਮੇਂ ਜਰੂਰਤ ਹੈ ਕਿ ਅਸੀਂ ਨਿਯਮਾਂ ਦੀ ਪਾਲਣਾ ਕਰੀਏ। ਜਿਲਾ ਪ੍ਰਸਾਸਨ ਅਤੇ ਸਿਹਤ ਵਿਭਾਗ ਵੱਲੋਂ ਸਮੇਂ ਸਮੇਂ 'ਤੇ ਜਾਰੀ ਕੀਤੀਆਂ ਜਾ ਰਹੀਆਂ ਗਾਈਡਲਾਈਨਜ਼ ਦੀ ਪਾਲਣਾ ਕਰੀਏ ਤਾਂ ਹੀ ਅਸੀਂ ਕੋਰੋਨਾ ਬੀਮਾਰੀ ਤੋਂ ਬਚ ਸਕਦੇ ਹਾਂ। ਉਨਾਂ ਲੋਕਾਂ ਨੂੰ ਅਪੀਲ ਹੈ ਕਿ ਘਰਾਂ ਤੋਂ ਨਿਕਲਣ ਲੱਗਿਆਂ ਮਾਸਕ ਜਰੂਰ ਪਾਓ ਅਤੇ ਸੋਸਲ ਡਿਸਟੈਂਸ ਬਣਾਈ ਰੱਖੋ। ਕੋਰੋਨਾ ਵਾਇਰਸ ਦੇ ਵਿਸਥਾਰ ਤੇ ਕੰਟਰੋਲ ਕਰਨ ਦੇ ਲਈ ਸੋਸਲ ਡਿਸਟੈਂਸ ਅਤੇ ਮਾਸਕ ਆਦਿ ਦਾ ਪ੍ਰਯੋਗ ਬਹੁਤ ਜਰੂਰੀ ਹੈ ਤੇ ਸਾਨੂੰ ਚਾਹੀਦਾ ਹੈ ਕਿ ਉਪਰੋਕਤ ਨਿਯਮਾਂ ਨੂੰ ਧਿਆਨ ਵਿੱਚ ਰੱਖੀਏ ਅਤੇ ਇਨਾਂ ਦੀ ਪਾਲਣਾ ਕਰੀਏ।

----------------------